350 ਸਾਲਾ ਸ਼ਹੀਦੀ ਗੁਰਪੁਰਬ ਨੂੰ ਸਮਰਪਿਤ ਨਗਰ ਕੀਰਤਨ ਦੇ ਸਵਾਗਤ ਦੀ ਤਿਆਰੀ ਸੰਬੰਧੀ ਕੀਤੀ ਗਈ ਮੀਟਿੰਗ ਦੌਰਾਨ ਦਿਖਾਈ ਦੇ ਰਹੇ ਹਨ ਨਗਰ ਦੇ ਸਮੂਹ ਗੁਰਦੁਆਰਾ ਸਾਹਿਬ ਦੀਆਂ ਪ੍ਰਬੰਧਕ ਕਮੇਟੀਆਂ ਦੇ ਪ੍ਰਬੰਧਕ। ਤਸਵੀਰ. ਮਨਜੀਤ ਸਟੂਡੀਓ

350 ਸਾਲਾ ਸ਼ਹੀਦੀ ਗੁਰਪੁਰਬ ਨੂੰ ਸਮਰਪਿਤ ਨਗਰ ਕੀਰਤਨ ਦੇ ਸਵਾਗਤ ਦੀ ਤਿਆਰੀ ਸੰਬੰਧੀ ਸਮੂਹ ਗੁਰਦੁਆਰਾ ਸਾਹਿਬ ਦੀਆਂ ਪ੍ਰਬੰਧਕ ਕਮੇਟੀਆਂ ਦੀ ਮੀਟਿੰਗ

ਆਸਾਮ ਤੋਂ ਚੱਲੇ ਇਸ ਨਗਰ ਕੀਰਤਨ ਦੇ ਕਸਬਾ ਭੁਲੱਥ ਪਹੁੰਚਣ 'ਤੇ ਕੀਤਾ ਜਾਵੇਗਾ ਭਰਵਾਂ ਸਵਾਗਤ- ਪ੍ਰਬੰਧਕ

ਭੁਲੱਥ, 28 ਅਕਤੂਬਰ (ਮਨਜੀਤ ਸਿੰਘ ਰਤਨ)-ਗੁਰਦੁਆਰਾ ਸੰਤਸਰ ਸਾਹਿਬ ਭੁਲੱਥ ਸ਼ਰਕੀ ਵਿਖੇ ਨਗਰ ਦੀਆਂ ਸਮੂਹ ਗੁਰਦੁਆਰਾ ਸਾਹਿਬ ਦੀਆਂ ਪ੍ਰਬੰਧਕ ਕਮੇਟੀਆਂ ਵੱਲੋਂ ਇੱਕ ਮੀਟਿੰਗ ਕੀਤੀ ਗਈ ਜਿਸ ਵੇਲੇ ਸਮੂਹ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਵੱਲੋਂ ਵੱਲੋਂ ਸ਼ਮੂਲੀਅਤ ਕੀਤੀ ਗਈ। ਇਸ ਮੀਟਿੰਗ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਸਾਹਿਬ ਵੱਲੋਂ ਪ੍ਰਚਾਰਕ ਭਾਈ ਹਰਜੀਤ ਸਿੰਘ ਸੁਲਤਾਨਪੁਰ ਲੋਧੀ ਤੋਂ, ਭਾਈ ਮਨਜੀਤ ਸਿੰਘ, ਜੋਗਾ ਸਿੰਘ ਦਾ ਢਾਡੀ ਜਥਾ ਅਤੇ ਹੋਰ ਪ੍ਰਚਾਰਕਾਂ ਨੇ ਵੀ ਉਚੇਚੇ ਤੌਰ ਤੇ ਸ਼ਮੂਲੀਅਤ ਕੀਤੀ। ਇਸ ਮੀਟਿੰਗ ਵਿਚ ਭਾਈ ਹਰਜੀਤ ਸਿੰਘ ਮੁੱਖ ਪ੍ਰਚਾਰਕ ਅਤੇ ਪ੍ਰਬੰਧਕਾਂ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਅਤੇ ਉਨ੍ਹਾਂ ਦੇ ਨਾਲ ਸ਼ਹੀਦ ਹੋਏ ਭਾਈ ਮਤੀ ਦਾਸ, ਭਾਈ ਸਤੀ ਦਾਸ ਤੇ ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਬਾਰੇ ਚਾਨਣਾ ਪਾਇਆ ਤੇ 12 ਨਵੰਬਰ 2025 ਨੂੰ ਇਸ ਸਬੰਧ ਵਿਚ ਆ ਰਹੇ ਅਲੌਕਿਕ ਨਗਰ ਨੂੰ ਜੀ ਆਇਆਂ ਆਖਣ ਅਤੇ ਸਵਾਗਤ ਕਰਨ ਲਈ ਪ੍ਰੇਰਤ ਕੀਤਾ। ਇਸ ਮੌਕੇ ਭਾਈ ਮਨਜੀਤ ਸਿੰਘ ਕਵੀਸ਼ਰ ਨੇ ਕਿਹਾ ਕਿ ਸਾਰੇ ਪਿੰਡਾਂ ਵਿਚ ਜਾ ਕੇ ਸੰਗਤਾਂ ਨੂੰ ਪ੍ਰੇਰਿਤ ਕਰਕੇ ਇਸ ਨਗਰ ਕੀਰਤਨ ਵਿਚ ਸ਼ਾਮਿਲ ਹੋਣ ਲਈ ਉਪਰਾਲੇ ਕੀਤੇ ਜਾਣਗੇ। ਇਸ ਮੌਕੇ ਪ੍ਰਬੰਧਕ ਸੁਖਵੰਤ ਸਿੰਘ ਤੱਖਰ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਜਦੋਂ 550 ਸਾਲਾ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਨਗਰ ਕੀਰਤਨ ਆਇਆ ਸੀ ਤਾਂ ਸੰਗਤਾਂ ਨੇ ਬਹੁਤ ਪਿਆਰ ਦਿਖਾਇਆ ਸੀ ਅਤੇ ਹੁਣ ਵੀ ਵੱਧ ਤੋਂ ਵੱਧ ਕੋਸ਼ਿਸ਼ ਕੀਤੀ ਜਾਵੇਗੀ। ਇਸ ਮੌਕੇ ਤੇ ਪ੍ਰਬੰਧਕ ਡਾਕਟਰ ਮਾਨ ਸਿੰਘ ਨੇ ਕਿਹਾ ਕਿ ਅਸੀਂ ਜਲਦੀ ਹੀ ਇੱਕ ਹੋਰ ਮੀਟਿੰਗ ਕਰਾਂਗੇ ਜਿਸ ਵਿਚ ਹਰ ਵਰਗ ਨੂੰ ਸ਼ਾਮਿਲ ਕਰਕੇ ਇਸ ਨਗਰ ਕੀਰਤਨ ਨੂੰ ਜੀ ਆਇਆਂ ਕਹਿਣ ਲਈ ਏਕਤਾ ਤੇ ਭਾਈਚਾਰਕ ਸਾਂਝ ਨੂੰ ਹੋਰ ਮਜ਼ਬੂਤ ਕਰਨ ਦਾ ਚੰਗਾ ਉਪਰਾਲਾ ਕਰਨ ਦੀ ਕੋਸ਼ਿਸ਼ ਕੀਤੀ ਜਾਵੇਗੀ। ਇਸ ਮੀਟਿੰਗ ਵਿਚ ਗੁਰਦੁਆਰਾ ਸੁੱਖ ਸਾਗਰ ਸਾਹਿਬ ਤੋਂ ਸੁਖਵੰਤ ਸਿੰਘ ਤੱਖਰ ਅਤੇ ਕੈਪਟਨ ਬਲਵੀਰ ਸਿੰਘ ਗੁਰਦੁਆਰਾ ਏਕ ਓਂਕਾਰ ਸਾਹਿਬ ਤੋਂ ਪ੍ਰਧਾਨ ਭੁਪਿੰਦਰ ਸਿੰਘ, ਨਿਰਮਲ ਸਿੰਘ ਢਿੱਲੋਂ ਤੇ ਕੁਲਵੰਤ ਸਿੰਘ ਢਿੱਲੋਂ, ਗੁਰਦੁਆਰਾ ਸਿੰਘ ਸਭਾ ਮੇਨ ਰੋਡ ਤੋਂ ਕੈਪਟਨ ਪ੍ਰੀਤਮ ਸਿੰਘ, ਕੈਸ਼ੀਅਰ ਜੋਗਿੰਦਰ ਸਿੰਘ, ਹਰਭਜਨ ਸਿੰਘ ਤੇ ਬੂਟਾ ਸਿੰਘ, ਗੁਰਦੁਆਰਾ ਸਿੰਘ ਸਭਾ ਮੇਨ ਬਾਜ਼ਾਰ ਤੋਂ ਕੈਪਟਨ ਸੁਖਦੇਵ ਸਿੰਘ, ਜੋਗਾ ਸਿੰਘ ਅਤੇ ਕੈਸ਼ੀਅਰ ਅਮਰੀਕ ਸਿੰਘ, ਗੁਰਦੁਆਰਾ ਸਿੰਘ ਸਭਾ ਸਲਾਮਤਪੁਰ ਤੋਂ ਜਸਵੀਰ ਸਿੰਘ ਪ੍ਰਧਾਨ ਤੇ ਇੰਦਰਜੀਤ ਸਿੰਘ ਮੈਂਬਰ, ਗੁਰਦੁਆਰਾ ਸਿੰਘ ਸਭਾ ਕਲੋਨੀ ਤੋਂ ਅਮਰੀਕ ਸਿੰਘ ਪ੍ਰਧਾਨ ਅਤੇ ਕੁਲਦੀਪ ਸਿੰਘ ਕੌਂਸਲਰ, ਗੁਰਦੁਆਰਾ ਸੰਤਸਰ ਸਾਹਿਬ ਤੋਂ ਬਲਜਿੰਦਰ ਸਿੰਘ ਪ੍ਰਧਾਨ, ਕੈਪਟਨ ਸੁਖਵਿੰਦਰ ਸਿੰਘ ਕੈਸ਼ੀਅਰ, ਚਰਨਜੀਤ ਸਿੰਘ ਕੈਸ਼ੀਅਰ ਤੇ ਡਾਕਟਰ ਮਾਨ ਸਿੰਘ ਗੁਰਦੁਆਰਾ ਗੋਬਿੰਦਸਰ ਸਾਹਿਬ ਤੋਂ ਡਾਕਟਰ ਮੱਖਣ ਸਿੰਘ ਹਾਜ਼ਰ ਸਨ।

ਪੰਜਾਬ ਸਰਕਾਰ ਦੀ ਸਿੱਖਿਆ ਕ੍ਰਾਂਤੀ ਦੀ ਨਿਕਲੀ ਫ਼ੂਕ-ਸਰਕਾਰੀ ਸਰਕਾਰੀ ਸਕੂਲਾਂ ਵਿਚ ਵੱਡੇ ਪੱਧਰ 'ਤੇ ਅਧਿਆਪਕਾਂ ਦੀਆਂ ਪੋਸਟਾਂ ਖ਼ਾਲੀ

ਫੱਤੂਢੀਂਗਾ, 28 ਅਕਤੂਬਰ (ਬਲਜੀਤ ਸਿੰਘ)-ਪਿੰਡ ਬੂਹ ਦੇ ਸਰਪੰਚ ਇੰਦਰਜੀਤ ਸਿੰਘ, ਸਾਬਕਾ ਸਰਪੰਚ ਚਰਨ ਸਿੰਘ, ਸੀਨੀਅਰ ਕਾਂਗਰਸੀ ਆਗੂ ਤਰਲੋਕ ਸਿੰਘ ਬੂਹ, ਬਲਾਕ ਸੰਮਤੀ ਮੈਂਬਰ ਬੱਬੂ ਖੈੜਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿਛਲੇ ਸਮੇਂ ਸੰਨ 2022 ਵਿਚ ਦਿੱਲੀ ਤੋਂ ਚੱਲਣ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਵਿਚ ਇਹ ਕਹਿ ਕੇ ਪੰਜਾਬ ਦੇ ਲੋਕਾਂ ਕੋਲੋਂ ਵੋਟਾਂ ਮੰਗੀਆਂ ਸਨ ਤੇ ਉਹ ਸਿੱਖਿਆ ਅਤੇ ਸਿਹਤ ਸਹੂਲਤਾਂ ਨੂੰ ਮੁੱਖ ਰੱਖ ਕੇ ਪੰਜਾਬ ਵਿਚ ਵੋਟਾਂ ਮੰਗ ਰਹੇ ਹਨ, ਜੇਕਰ ਪੰਜਾਬ ਵਿਚ ਆਮ ਆਦਮੀ ਪਾਰਟੀ ਦੀ ਸਰਕਾਰ ਹੋਂਦ ਵਿਚ ਆਵੇਗੀ ਤਾਂ ਉਹ ਸਿਹਤ ਸਹੂਲਤਾਂ ਅਤੇ ਸਿੱਖਿਆ ਦੇ ਖੇਤਰ ਵਿਚ ਕ੍ਰਾਂਤੀ ਕਾਰੀ ਕੰਮ ਕਰਨਗੇ ਤੇ ਪੰਜਾਬ ਦੇ ਸਰਕਾਰੀ ਸਕੂਲਾਂ ਨੂੰ ਪ੍ਰਾਈਵੇਟ ਸਕੂਲਾਂ ਤੋਂ ਵਧੀਆ ਬਣਾਉਣਗੇ। ਪੰਜਾਬ ਦੇ ਲੋਕਾਂ ਨੇ ਪਿਛਲੀਆਂ ਸਰਕਾਰਾਂ ਤੋਂ ਅੱਕ ਕੇ ਕਿ ਸ਼ਾਇਦ ਇਹ ਕੁੱਝ ਚੰਗਾ ਕਰਨਗੇ, ਜਿਸ ਨਾਲ ਪੰਜਾਬ ਚੋਂ ਵੱਡੇ ਪੱਧਰ 'ਤੇ ਪੜ੍ਹ ਲਿਖ ਕੇ ਨੌਜਵਾਨ ਜਿੱਥੇ ਬੇਰੁਜ਼ਗਾਰ ਤੁਰੇ ਫਿਰਦੇ ਹਨ ਉੱਥੇ ਵੱਡੇ ਪੱਧਰ ਤੇ ਪੰਜਾਬ ਵਿਚੋਂ ਪ੍ਰਵਾਸ ਵੀ ਲਗਾਤਾਰ ਜਾਰੀ ਹੈ, ਇਸ ਲਈ ਪੰਜਾਬ ਦੇ ਲੋਕਾਂ ਨੇ ਵੱਡਾ ਬਹੁਮਤ ਦੇ ਕੇ ਪੰਜਾਬ ਵਿਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਈ। ਪਿਛਲੇ ਦਿਨਾਂ ਵਿਚ ਪੰਜਾਬ ਦੇ ਐਮ ਐਲ ਏ ਤੇ ਹਲਕਾ ਇੰਚਾਰਜਾਂ ਵੱਲੋਂ ਸਿੱਖਿਆ ਕ੍ਰਾਂਤੀ ਦੇ ਨਾਂ ਤੇ ਸਕੂਲਾਂ ਦੇ ਵਿਕਾਸ ਕਾਰਜਾਂ ਦੇ ਉਦਘਾਟਨ ਕਰਕੇ ਇਹ ਪ੍ਰਚਾਰਿਆ ਗਿਆ ਕਿ ਪੰਜਾਬ ਵਿਚ ਸਿੱਖਿਆ ਕ੍ਰਾਂਤੀ ਦੀ ਲਹਿਰ ਚੱਲ ਰਹੀ ਹੈ, ਪਰ ਇਕੱਲੀਆਂ ਬਿਲਡਿੰਗਾਂ ਤੇ ਚਾਰ ਦਿਵਾਰੀਆਂ ਬਣਾਉਣ ਨਾਲ ਸਿੱਖਿਆ ਕ੍ਰਾਂਤੀ ਨਹੀਂ ਆ ਸਕਦੀ, ਕਿਉਂਕਿ ਪੰਜਾਬ ਵਿਚ ਮੱਧ ਵਰਗ ਤੋਂ ਲੈ ਕੇ ਗ਼ਰੀਬ ਵਰਗ ਦੇ ਬੱਚੇ ਇਹਨਾਂ ਸਰਕਾਰੀ ਸਕੂਲਾਂ ਵਿਚ ਪੜ੍ਹਦੇ ਹਨ ਤੇ ਇਹਨਾਂ ਸਰਕਾਰੀ ਸਕੂਲਾਂ ਵਿਚ ਅਧਿਆਪਕਾਂ ਦੀਆਂ ਹਜ਼ਾਰਾਂ ਹੀ ਪੋਸਟਾਂ ਖ਼ਾਲੀ ਹਨ। ਉਨ੍ਹਾਂ ਦੱਸਿਆ ਕਿ ਜੇਕਰ ਗੱਲ ਕੀਤੀ ਜਾਵੇ ਵਿਧਾਨ ਸਭਾ ਹਲਕਾ ਸੁਲਤਾਨਪੁਰ ਲੋਧੀ ਦੀ ਦੇ ਬੂਥ ਨੰਬਰ ਇੱਕ ਪਿੰਡ ਕਿਸ਼ਨ ਸਿੰਘ ਵਾਲਾ ਜਿੱਥੇ ਪਿੰਡ ਦੇ ਸਰਕਾਰੀ ਸਕੂਲ ਵਿਚ ਅਧਿਆਪਕਾਂ ਦੀ ਘਾਟ ਹੈ ਉੱਥੇ ਨਾਲ ਹੀ ਸਰਕਾਰੀ ਮਿਡਲ ਸਕੂਲ ਬੂਹ ਜਿੱਥੇ 43 ਬੱਚੇ ਪੜ੍ਹਦੇ ਹਨ ਸਾਇੰਸ ਅਤੇ ਪੰਜਾਬੀ ਦੇ ਦੋ ਅਧਿਆਪਕ ਦੀ ਘਾਟ ਹੈ।ਇਸ ਤਰ੍ਹਾਂ ਹੀ ਸਰਕਾਰੀ ਹਾਈ ਸਕੂਲ ਸੈਫਲਾਬਾਦ ਵਿਖੇ 84 ਬੱਚੇ ਹਨ ਕੁੱਲ ਪੋਸਟਾਂ 8 ਹਨ ਇੱਥੇ ਵੀ ਪੰਜਾਬੀ, ਕੰਪਿਊਟਰ ਟੀਚਰ, ਹਿੰਦੀ ਦੇ ਅਧਿਆਪਕਾਂ ਦੀਆਂ ਪੋਸਟਾਂ ਖ਼ਾਲੀ ਹਨ, ਸਰਕਾਰੀ ਮਿਡਲ ਸਕੂਲ ਮੁੰਡੀ ਬੱਚੇ ਵੀਹ ਹਨ ਤੇ ਪੰਜਾਬੀ , ਹਿੰਦੀ, ਸਮਾਜਿਕ ਸਿੱਖਿਆ ਦੀਆਂ ਪੋਸਟਾਂ ਖ਼ਾਲੀ ਹਨ ਇਕ ਹੀ ਅਧਿਆਪਕ ਸਕੂਲ ਚਲਾ ਰਿਹਾ ਹੈ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇਸਲ ਵਿਖੇ ਪੀ ਹੀ ਆਈ ਅਤੇ ਪੰਜਾਬੀ ਦੇ ਲੈਕਚਰਾਰ ਦੀ ਪੋਸਟ ਖ਼ਾਲੀ ਹੈ। ਸਰਕਾਰੀ ਮਿਡਲ ਸਕੂਲ ਉੱਚਾ ਬੇਟ ਵਿਖੇ ਵੀ ਪੰਜਾਬੀ ਅਧਿਆਪਕ ਦੀ ਘਾਟ ਹੈ।ਇਸ ਤੋਂ ਪਤਾ ਲੱਗਦਾ ਹੈ ਕਿ ਪੰਜਾਬ ਸਰਕਾਰ ਤੇ ਸਿੱਖਿਆ ਅਧਿਕਾਰੀ ਸਰਕਾਰੀ ਸਕੂਲਾਂ ਪ੍ਰਤੀ ਕਿੰਨੇ ਕੁ ਗੰਭੀਰ ਹਨ।ਉੱਥੇ ਨਾਲ ਹੀ ਇਹਨਾਂ ਸਕੂਲਾਂ ਵਿਚ ਪੰਜਾਬੀ ਦੇ ਅਧਿਆਪਕਾਂ ਦੀਆਂ ਖ਼ਾਲੀ ਅਸਾਮੀਆਂ ਵੀ ਇਕ ਚਿੰਤਾ ਦਾ ਵਿਸ਼ਾ ਹੈ। ਉਕਤ ਆਗੂਆਂ ਨੇ ਮੰਗ ਕੀਤੀ ਕਿ ਪੰਜਾਬ ਸਰਕਾਰ ਮਾਂ ਬੋਲੀ ਪੰਜਾਬੀ ਨੂੰ ਬੜ੍ਹਾਵਾ ਦੇਣ ਦੀਆਂ ਗੱਲਾਂ ਕਰ ਰਹੀ ਹੈ ਤੇ ਸਾਲ ਬਾਅਦ ਸਰਕਾਰੀ ਸਕੂਲਾਂ ਦੇ ਪੜ੍ਹਦੇ ਬੱਚਿਆਂ ਦੇ ਜੇਕਰ ਨਤੀਜੇ ਵੇਖੇ ਜਾਣ ਤਾਂ ਉਨ੍ਹਾਂ ਵਿਚੋਂ ਬਹੁਤੇ ਬੱਚੇ ਕੁੱਝ ਅੰਕ ਲੈ ਕੇ ਹੀ ਪੰਜਾਬੀ ਭਾਸ਼ਾ ਵਿਚੋਂ 35 ਪ੍ਰਤੀਸ਼ਤ ਤੋਂ 50 ਪ੍ਰਤੀਸ਼ਤ ਅੰਕ ਲੈਣ ਕੇ ਪਾਸ ਹੁੰਦੇ ਹਨ ਜਦ ਕਿ ਵੱਡੇ ਪੱਧਰ ਤੇ ਬੱਚੇ ਪੰਜਾਬੀ ਭਾਸ਼ਾ ਵਿਚੋਂ ਫ਼ੇਲ੍ਹ ਹੁੰਦੇ ਹਨ। ਜਿਸ ਦਾ ਕਸੂਰ ਇਹਨਾਂ ਸਰਕਾਰਾਂ ਦਾ ਹੈ ਜੋ ਸਕੂਲਾਂ ਵਿਚ ਅਧਿਆਪਕਾਂ ਦੀਆਂ ਖ਼ਾਲੀ ਅਸਾਮੀਆਂ ਨਹੀਂ ਭਰਦੇ ਉੱਧਰ ਦੂਸਰੇ ਪਾਸੇ ਟੈਟ ਪਾਸ ਬੇਰੁਜ਼ਗਾਰ ਅਧਿਆਪਕ ਲਗਾਤਾਰ ਸੜਕਾਂ ਤੇ ਰੋਸ ਮੁਜ਼ਾਹਰੇ ਧਰਨੇ ਲਗਾ ਰਹੇ ਹਨ ਤੇ ਉਨ੍ਹਾਂ ਨੂੰ ਨੌਕਰੀਆਂ ਦਿੱਤੀਆਂ ਜਾਣ ਪਰ ਸਰਕਾਰ ਜਿਸ ਨੂੰ ਫ਼ੋਟੋਆਂ ਦੀ ਸਰਕਾਰ ਵੀ ਕਿਹਾ ਜਾ ਸਕਦਾ ਹੈ ਸਿਰਫ਼ ਇਸ਼ਤਿਹਾਰਬਾਜ਼ੀ ਤੋਂ ਵੱਧ ਕੁੱਝ ਨਹੀਂ ਕੀਤਾ ਜਾ ਰਿਹਾ ਫ਼ੋਟੋਆਂ ਖਿੱਚ ਕੇ ਆਪਣੇ ਦਿੱਲੀ ਦੇ ਹੁਕਮਰਾਨਾਂ ਨੂੰ ਭੇਜੀਆਂ ਜਾਂਦੀਆਂ ਹਨ ਤੇ ਉਨ੍ਹਾਂ ਨੇ ਉਦਘਾਟਨ ਕਰ ਦਿੱਤਾ ਹੈ ਜਦਕਿ ਅਸਲੀਅਤ ਜ਼ਮੀਨ ਪੱਧਰ ਤੇ ਕੁੱਝ ਹੋਰ ਹੈ ਇਸ ਲਈ ਉਨ੍ਹਾਂ ਮੰਗ ਕੀਤੀ ਹੈ ਕਿ ਜੇਕਰ ਸਰਕਾਰ ਸਹੀ ਅਰਥਾਂ ਵਿਚ ਪੰਜਾਬ ਵਿਚ ਸਿੱਖਿਆ ਕ੍ਰਾਂਤੀ ਲਿਆਉਣੀ ਚਾਹੁੰਦੀ ਹੈ ਤਾਂ ਉਹ ਸਰਕਾਰੀ ਸਕੂਲਾਂ ਵਿਚ ਜਿੱਥੇ ਕਿਰਤੀ ਲੋਕਾਂ ਦੇ ਬੱਚੇ ਪੜ੍ਹਦੇ ਹਨ ਉਨ੍ਹਾਂ ਦੇ ਭਵਿੱਖ ਨੂੰ ਧਿਆਨ ਵਿਚ ਰੱਖਦੇ ਹੋਏ ਪੋਸਟਾਂ ਭਰੀਆਂ ਜਾਣ।

ਬੁਤਾਲਾ ਮੰਡ ਵਿਖੇ ਹੜ੍ਹ ਪ੍ਰਭਾਵਿਤ ਲੋਕਾਂ ਨੂੰ ਬੀਜ ਵੰਡਣ ਲਈ ਟਰਾਲੀਆਂ ਰਵਾਨਾ ਕਰਨ ਮੌਕੇ ਪ੍ਰਧਾਨ ਹਰਜਿੰਦਰ ਸਿੰਘ ਸਾਹੀ। ਉਨ੍ਹਾਂ ਨਾਲ ਡਾ. ਆਸਾ ਸਿੰਘ ਘੁੰਮਣ, ਨਰਿੰਦਰ ਪਾਲ ਬਾਵਾ ਤੇ ਹੋਰ ਪਤਵੰਤੇ। ਤਸਵੀਰ. ਰਘਬਿੰਦਰ ਸਿੰਘ

ਕਿਸਾਨ ਯੂਨੀਅਨ ਨਡਾਲਾ ਨੇ ਹੜ੍ਹ ਪ੍ਰਭਾਵਿਤ ਕਿਸਾਨਾਂ ਨੂੰ ਕਣਕ ਦਾ ਬੀਜ ਵੰਡਿਆ

ਨਡਾਲਾ, 28 ਅਕਤੂਬਰ (ਰਘਬਿੰਦਰ ਸਿੰਘ)-ਅੱਜ ਕਿਸਾਨ ਯੂਨੀਅਨ ਨਡਾਲਾ ਵੱਲੋਂ ਭੁਲੱਥ ਮੰਡ ਖੇਤਰ ਵਿਚ ਆਏ ਹੜ੍ਹਾਂ ਪ੍ਰਭਾਵਿਤ ਕਿਸਾਨਾਂ ਨੂੰ ਕਣਕ ਬੀਜਣ ਲਈ, ਬੀਜ ਵੰਡਿਆ ਗਿਆ। ਕੋਆਪਰੇਟਿਵ ਸੁਸਾਇਟੀ ਨਡਾਲਾ ਤੋਂ ਟਰਾਲੀਆਂ ਨੂੰ ਤੋਰਦਿਆਂ ਯੂਨੀਅਨ ਦੇ ਪ੍ਰਧਾਨ ਹਰਜਿੰਦਰ ਸਿੰਘ ਸਾਹੀ ਨੇ ਦੱਸਿਆ ਕਿ ਇਲਾਕੇ ਤੇ ਪ੍ਰਵਾਸੀ ਭਾਰਤੀਆਂ ਦੇ ਸਹਿਯੋਗ ਨਾਲ ਪਿਛਲੇ ਦੋ ਮਹੀਨੇ ਤੋਂ ਹਰ ਪ੍ਰਭਾਵਿਤ ਲੋਕਾਂ ਦੀ ਮਦਦ ਕੀਤੀ ਜਾ ਰਹੀ ਹੈ ਜਿਸ ਦੇ ਤਹਿਤ ਅੱਜ ਬੁਤਾਲਾ ਮੰਡ ਵਿਚ 30 ਹੜ੍ਹ ਪ੍ਰਭਾਵਿਤ ਕਿਸਾਨਾਂ ਨੂੰ ਕਣਕ ਬੀਜਣ ਲਈ ਕਣਕ ਦਾ ਬੀਜ, ਟੀ.ਐਸ.ਪੀ. ਖਾਦ ਤੇ ਯੂਰੀਆ ਖਾਦ ਦਿੱਤੀ ਜਾ ਰਹੀ ਹੈ। ਇਸ ਤੋਂ ਬਾਅਦ ਮੰਡ ਚੱਕੋਕੀ, ਮੰਡ ਰਾਏਪੁਰਰਾਈਆਂ ਅਤੇ ਹੋਰ ਪ੍ਰਭਾਵਿਤ ਇਲਾਕਿਆਂ ਦੀ ਪੁਸ਼ਟੀ ਕਰਕੇ ਜਲਦੀ ਹੀ ਕਣਕ ਦਾ ਬੀਜ ਵੰਡਿਆ ਜਾਵੇਗਾ। ਇਸ ਮੌਕੇ ਵਿਸ਼ੇਸ਼ ਤੌਰ ਤੇ ਪੁੱਜੇ ਉੱਘੇ ਸਿੱਖਿਆ ਸ਼ਾਸਤਰੀ ਡਾ: ਆਸਾ ਸਿੰਘ ਘੁੰਮਣ ਨੇ ਯੂਨੀਅਨ ਦੇ ਉਪਰਾਲੇ ਦੀ ਸ਼ਲਾਘਾ ਕਰਦੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਹੜ੍ਹ ਪ੍ਰਭਾਵਿਤ ਲੋਕਾਂ ਦੀ ਮਦਦ ਲਈ ਅੱਗੇ ਆਉਣਾ ਚਾਹੀਦਾ ਹੈ। ਇਸ ਮੌਕੇ ਡਾ. ਨਰਿੰਦਰ ਪਾਲ ਬਾਵਾ, ਗੁਰਨਾਮ ਸਿੰਘ ਮੁਲਤਾਨੀ, ਅਵਤਾਰ ਸਿੰਘ ਮੁਲਤਾਨੀ, ਅਮਰੀਕ ਸਿੰਘ ਸਾਹੀ, ਸੁਰਿੰਦਰ ਸਿੰਘ ਸਾਹੀ, ਬਲਵਿੰਦਰ ਸਿੰਘ ਖੱਖ, ਰਘਵਿੰਦਰ ਸਿੰਘ ਸਾਹੀ, ਜਸਪ੍ਰੀਤ ਸਿੰਘ ਗੁਰਾਇਆ, ਬਲਵਿੰਦਰ ਸਿੰਘ ਬਿੱਟੂ ਖੱਖ, ਬਲਵਿੰਦਰ ਸਿੰਘ ਖੱਖ, ਗੁਰਨਾਮ ਸਿੰਘ ਸਲੈਚ, ਇੰਦਰਜੀਤ ਸਿੰਘ ਖੱਖ, ਕੁਲਵਿੰਦਰ ਸਿੰਘ ਸਾਹੀ, ਜੱਗੀ ਖੱਖ, ਹਰਪਾਲ ਸਿੰਘ ਘੁੰਮਣ, ਦਲਜੀਤ ਸਿੰਘ ਖੱਖ, ਨਵਜਿੰਦਰ ਸਿੰਘ ਬੱਗਾ ਕੋਚ, ਜੋਗਾ ਸਿੰਘ, ਅਰਜਨ ਸਿੰਘ ਮੁਲਤਾਨੀ, ਨੰਬਰਦਾਰ ਜਸਪਾਲ ਸਿੰਘ ਘੁੰਮਣ ਤੇ ਹੋਰ ਪਤਵੰਤੇ ਹਾਜ਼ਰ ਸਨ।

7 ਗ੍ਰਾਮ ਹੈਰੋਇਨ ਸਮੇਤ ਇੱਕ ਨੌਜਵਾਨ ਗ੍ਰਿਫ਼ਤਾਰ

ਸੁਭਾਨਪੁਰ, 28 ਅਕਤੂਬਰ (ਸਤਨਾਮ ਸਿੰਘ)-ਸੁਭਾਨਪੁਰ ਪੁਲਿਸ ਨੇ ਇੱਕ ਨੌਜਵਾਨ ਨੂੰ ਸੱਤ ਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਨ ਵਿਚ ਸਫਲਤਾ ਹਾਸਿਲ ਕੀਤੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਸੁਭਾਨਪੁਰ ਦੇ ਏ.ਐਸ.ਆਈ. ਸੁਖਵਿੰਦਰ ਕੁਮਾਰ ਨੇ ਦੱਸਿਆ ਕਿ ਉਹ ਪੁਲਿਸ ਪਾਰਟੀ ਸਮੇਤ ਭੈੜੇ ਪੁਰਸ਼ਾਂ ਦੀ ਤਲਾਸ਼ ਵਿਚ ਗਸ਼ਤ ਦੌਰਾਨ ਸੁਭਾਨਪੁਰ ਤੋਂ ਪਿੰਡ ਪਹਾੜੀਪੁਰ ਬੂਟ ਆਦਿ ਪਿੰਡਾਂ ਨੂੰ ਜਾ ਰਹੇ ਸੀ ਜਦੋਂ ਪੁਲਿਸ ਪਾਰਟੀ ਗਸ਼ਤ ਕਰਦੀ ਹੋਈ ਟੀ ਪੁਆਇੰਟ ਗੁਰਦੁਆਰਾ ਸੰਤਸਰ ਨੇੜੇ ਪੁੱਜੀ ਤਾਂ ਇਕ ਨੌਜਵਾਨ ਸਾਹਮਣੇ ਤੋਂ ਆਉਂਦਾ ਦਿਖਾਈ ਦਿੱਤਾ ਜੋ ਪੁਲਿਸ ਪਾਰਟੀ ਨੂੰ ਦੇਖ ਕੇ ਘਬਰਾ ਗਿਆ ਤੇ ਆਪਣੀ ਪੈਂਟ ਦੀ ਜੇਬ ਵਿਚੋਂ ਇੱਕ ਲਿਫ਼ਾਫ਼ਾ ਕੱਢ ਕੇ ਸੜਕ ਕਿਨਾਰੇ ਸੁੱਟ ਦਿੱਤਾ ਅਤੇ ਤੇਜ਼ ਕਦਮੀ ਪਿੱਛੇ ਨੂੰ ਭੱਜਣ ਲੱਗਾ, ਜਿਸ ਨੂੰ ਪੁਲਿਸ ਪਾਰਟੀ ਦੀ ਸਹਾਇਤਾ ਨਾਲ ਕਾਬੂ ਕਰਕੇ ਪੁੱਛਗਿੱਛ ਕੀਤੀ ਗਈ ਤਾਂ ਉਸ ਨੇ ਆਪਣੀ ਪਹਿਚਾਣ ਬਲਦੇਵ ਸਿੰਘ ਉਰਫ਼ ਦੇਬੀ ਪੁੱਤਰ ਦਮੋਦਰ ਸਿੰਘ ਵਾਸੀ ਪਿੰਡ ਬੂਟ ਥਾਣਾ ਸੁਭਾਨਪੁਰ ਦਸੀ, ਜਦੋਂ ਉਸ ਵਲੋਂ ਸੁੱਟੇ ਗਏ ਲਿਫ਼ਾਫ਼ੇ ਦੀ ਤਲਾਸ਼ੀ ਲਈ ਗਈ ਤਾਂ ਉਸ ਵਿਚੋਂ ਕਥਿਤ ਤੌਰ ਤੇ ਸੱਤ ਗ੍ਰਾਮ ਹੈਰੋਇਨ ਬਰਾਮਦ ਹੋਈ ਜਿਸ ਵਿਰੁੱਧ